# ਹਿੰਦੂ ਦੇਵੀ-ਦੇਵਤਿਆਂ ਵਿਰੁੱਧ ਮੰਦੀ ਸ਼ਬਦਾਵਲੀ ਵਰਤਣ ਦੇ ਦੋਸ਼ਾਂ ਤਹਿਤ ਪਰਚਾ ਦਰਜ

ਰੂਪਨਗਰ, 18 ਮਈ (ਸਤਨਾਮ ਸਿੰਘ ਸੱਤੀ)-ਸਿਟੀ ਰੂਪਨਗਰ ਪੁਲੀਸ ਵਲੋਂ ਹਿੰਦੂ ਦੇਵੀ ਦੇਵਤਿਆਂ ਅਤੇ ਹਿੰਦੂ ਧਰਮ ਬਾਰੇ ਮੰਦੀ ਸ਼ਬਦਾਵਲੀ ਵਰਤਣ ਵਾਲੇ ਇੱਕ ਕਥਿਤ ਫੇਸਬੁੱਕ ਪੇਜ ਪੰਜਾਬੀ ਲਿਖਤਾਂ ਦੇ ਉਪਭੋਗਤਾ ਪੁਸ਼ਪਿੰਦਰ 'ਤੇ ਵੱਖ-ਵੱਖ ਧਾਰਾਵਾਂ ਤਹਿਤ ਪਰਚਾ ਦਰਜ ਕੀਤਾ ਹੈ। ਪ੍ਰਾਪਤ ਜਾਣਕਾਰੀ ਮੁਤਾਬਿਕ ਇਹ ਪਰਚਾ ਅਮਿੱਤ ਕਪੂਰ ਪੁੱਤਰ ਰਜਿੰਦਰ ਕਪੂਰ ਵਾਸੀ ਉੱਚਾ ਖੇੜਾ ਸਿਟੀ ਰੂਪਨਗਰ ਦੇ ਬਿਆਨਾਂ 'ਤੇ ਦਰਜ ਕੀਤਾ ਗਿਆ। ਬਿਆਨਾਂ ਅਨੁਸਾਰ ਉਕਤ ਉਪਭੋਗਤਾ ਹਿੰਦੂ ਦੇਵੀ ਦੇਵਤਿਆਂ ਅਤੇ ਹਿੰਦੂ ਧਰਨ ਬਾਰੇ ਮੰਦੀ ਸ਼ਬਦਾਵਲੀ ਦੀ ਵਰਤੋਂ ਕਰ ਰਿਹਾ ਸੀ, ਜਿਸ ਨਾਲ ਧਾਰਮਿਕ ਭਾਵਨਾਵਾਂ ਨੂੰ ਠੇਸ ਪਹੁੰਚੀ ਅਤੇ ਮਾਹੌਲ ਵਿਗੜਨ ਦਾ ਵੀ ਖ਼ਦਸ਼ਾ ਜਤਾਇਆ ਗਿਆ। ਪੁਲਿਸ ਨੇ ਉਕਤ ਬਿਆਨਾਂ ਦੇ ਆਧਾਰ 'ਤੇ ਉਪਭੋਗਤਾ ਪੁਸ਼ਪਿੰਦਰ ਵਿਰੁੱਧ 294, 295 ਏ ਆਈ.ਪੀ.ਸੀ ਤਹਿਤ ਮਾਮਲਾ ਦਰਜ ਕਰਕੇ ਮੁਲਜ਼ਮ ਦੀ ਭਾਲ ਅਰੰਭ ਦਿੱਤੀ ਹੈ।